ਰਾਮਕਲੀ ਮਹਲਾ ੫ ॥ ਰਾਖਨਹਾਰ ਦਇਆਲ ॥ ਕੋਟਿ ਭਵ ਖੰਡੇ ਨਿਮਖ ਖਿਆਲ ॥ ਸਗਲ ਅਰਾਧਹਿ ਜੰਤ ॥ ਮਿਲੀਐ ਪ੍ਰਭ ਗੁਰ ਮਿਲਿ ਮੰਤ ॥ ੧॥ ਜੀਅਨ ਕੋ ਦਾਤਾ ਮੇਰਾ ਪ੍ਰਭੁ ॥ ਪੂਰਨ ਪਰਮੇਸੁਰ ਸੁਆਮੀ ਘਟਿ ਘਟਿ ਰਾਤਾ ਮੇਰਾ ਪ੍ਰਭੁ ॥੧॥ ਰਹਾਉ ॥ ਤਾ ਕੀ ਗਹੀ ਮਨ ਓਟ ॥ ਬੰਧਨ ਤੇ ਹੋਈ ਛੋਟ ॥ ਹਿਰਦੈ ਜਪਿ ਪਰਮਾਨੰਦ ॥ ਮਨ ਮਾਹਿ ਭਏ ਅਨੰਦ ॥ ੨॥ ਤਾਰਣ ਤਰਣ ਹਰਿ ਸਰਣ ॥ ਜੀਵਨ ਰੂਪ ਹਰਿ ਚਰਣ ॥ ਸੰਤਨ ਕੇ ਪ੍ਰਾਣ ਅਧਾਰ ॥ ਊਚੇ ਤੇ ਊਚ ਅਪਾਰ ॥੩॥ ਸੁ ਮਤਿ ਸਾਰੁ ਜਿਤੁ ਹਰਿ ਸਿਮਰੀਜੈ ॥ ਕਰਿ ਕਿਰਪਾ ਜਿਸੁ ਆਪੇ ਦੀਜੈ ॥ ਸੂਖ ਸਹਜ ਆਨੰਦ ਹਰਿ ਨਾਉ ॥ ਨਾਨਕ ਜਪਿਆ ਗੁਰ ਮਿਲਿ ਨਾਉ ॥੪॥੨੭॥੩੮॥ {ਪੰਨਾ 894-895}

ਪਦਅਰਥ:- ਦਇਆਲ—ਦਇਆ ਦਾ ਘਰ। ਕੋਟਿ—ਕ੍ਰੋੜਾਂ। ਭਵ—ਜਨਮ, ਜਨਮਾਂ ਦੇ ਗੇੜ। ਖੰਡੇ—ਨਾਸ ਹੋ ਜਾਂਦੇ ਹਨ। ਨਿਮਖ—{inmy—} ਅੱਖ ਦੇ ਫਰਕਣ ਜਿਤਨਾ ਸਮਾ। ਖਿਆਲ—ਧਿਆਨ। ਸਗਲ ਜੰਤ—ਸਾਰੇ ਜੀਵ। ਮਿਲੀਐ ਪ੍ਰਭ—ਪ੍ਰਭੂ ਨੂੰ ਮਿਲ ਪਈਦਾ ਹੈ। ਗੁਰ ਮਿਲਿ—ਗੁਰੂ ਨੂੰ ਮਿਲ ਕੇ। ਗੁਰ ਮੰਤ—ਗੁਰੂ ਦਾ ਉਪਦੇਸ਼ (ਲੈ ਕੇ)।1।

ਕੋ—ਦਾ। ਪੂਰਨ—ਸਰਬ-ਵਿਆਪਕ। ਸੁਆਮੀ—ਮਾਲਕ। ਘਟਿ ਘਟਿ—ਹਰੇਕ ਸਰੀਰ ਵਿਚ। ਰਾਤਾ—ਰਮਿਆ ਹੋਇਆ।1। ਰਹਾਉ।

ਤਾ ਕੀ—ਉਸ (ਪ੍ਰਭੂ) ਦੀ। ਗਹੀ—ਫੜੀ। ਮਨ—ਹੇ ਮਨ! ਓਟ—ਆਸਰਾ। ਤੇ—ਤੋਂ। ਛੋਟ—ਖ਼ਲਾਸੀ। ਹਿਰਦੇ ਵਿਚ। ਜਪਿ—ਜਪ ਕੇ। ਮਾਹਿ—ਵਿਚ।2।

ਤਰਣ—ਜਹਾਜ਼। ਪ੍ਰਾਣ ਅਧਾਰ—ਜਿੰਦ ਦਾ ਆਸਰਾ। ਊਚੇ ਤੇ ਊਚ—ਉੱਚੇ ਤੋਂ ਉੱਚਾ, ਸਭ ਤੋਂ ਉੱਚਾ। ਅਪਾਰ—{ਅ-ਪਾਰ} ਜਿਸ ਦੀ ਹਸਤੀ ਦਾ ਪਾਰਲਾ ਬੰਨਾ ਨਾਹ ਲੱਭ ਸਕੇ, ਬੇਅੰਤ।3।

ਸਾਰੁ—ਸਾਂਭ, ਸੰਭਾਲ, ਗ੍ਰਹਿਣ ਕਰ। ਜਿਤੁ—ਜਿਸ (ਮਤਿ) ਦੀ ਰਾਹੀਂ। ਸਿਮਰੀਜੈ—ਸਿਮਰਿਆ ਜਾ ਸਕਦਾ ਹੈ। ਕਰਿ—ਕਰ ਕੇ। ਸਹਜ—ਆਤਮਕ ਅਡੋਲਤਾ। ਨਾਉ—ਨਾਮ।4।

ਅਰਥ:- ਹੇ ਭਾਈ! ਮੇਰਾ ਪ੍ਰਭੂ ਸਭ ਜੀਆਂ ਨੂੰ ਦਾਤਾਂ ਦੇਣ ਵਾਲਾ ਹੈ। ਉਹ ਮੇਰਾ ਮਾਲਕ ਪਰਮੇਸਰ ਪ੍ਰਭੂ ਸਭ ਵਿਚ ਵਿਆਪਕ ਹੈ, ਹਰੇਕ ਸਰੀਰ ਵਿਚ ਰਮਿਆ ਹੋਇਆ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਸਭ ਜੀਵਾਂ ਦੀ ਰੱਖਿਆ ਕਰਨ ਦੇ ਸਮਰੱਥ ਹੈ, ਦਇਆ ਦਾ ਸੋਮਾ ਹੈ। ਜੇ ਅੱਖ ਫਰਕਣ ਜਿਤਨੇ ਸਮੇ ਵਾਸਤੇ ਭੀ ਉਸ ਦਾ ਧਿਆਨ ਧਰੀਏ, ਤਾਂ ਕ੍ਰੋੜਾਂ ਜਨਮ ਦੇ ਗੇੜ ਕੱਟੇ ਜਾਂਦੇ ਹਨ। ਸਾਰੇ ਜੀਵ ਉਸੇ ਦਾ ਆਰਾਧਨ ਕਰਦੇ ਹਨ। ਹੇ ਭਾਈ! ਗੁਰੂ ਨੂੰ ਮਿਲ ਕੇ, ਗੁਰੂ ਦਾ ਉਪਦੇਸ਼ ਲੈ ਕੇ ਉਸ ਪ੍ਰਭੂ ਨੂੰ ਮਿਲ ਸਕੀਦਾ ਹੈ।1।

ਹੇ ਮਨ! ਜਿਸ ਮਨੁੱਖ ਨੇ ਉਸ ਪਰਮਾਤਮਾ ਦਾ ਆਸਰਾ ਲੈ ਲਿਆ, (ਮਾਇਆ ਦੇ ਮੋਹ ਦੇ) ਬੰਧਨਾਂ ਤੋਂ ਉਸ ਦੀ ਖ਼ਲਾਸੀ ਹੋ ਗਈ। ਸਭ ਤੋਂ ਉੱਚੇ ਸੁਖ ਦੇ ਮਾਲਕ ਪ੍ਰਭੂ ਨੂੰ ਹਿਰਦੇ ਵਿਚ ਜਪ ਕੇ ਮਨ ਵਿਚ ਖ਼ੁਸ਼ੀਆਂ ਹੀ ਖ਼ੁਸ਼ੀਆਂ ਬਣ ਜਾਂਦੀਆਂ ਹਨ।2।

ਹੇ ਭਾਈ! ਪਰਮਾਤਮਾ ਦਾ ਆਸਰਾ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼ ਹੈ। ਪ੍ਰਭੂ ਦੇ ਚਰਨਾਂ ਦੀ ਓਟ ਆਤਮਕ ਜੀਵਨ ਦੇਣ ਵਾਲੀ ਹੈ। ਪਰਮਾਤਮਾ ਸੰਤ ਜਨਾਂ ਦੀ ਜਿੰਦ ਦਾ ਆਸਰਾ ਹੈ, ਉਹ ਸਭਨਾਂ ਤੋਂ ਉੱਚਾ ਤੇ ਬੇਅੰਤ ਹੈ।3।

ਹੇ ਭਾਈ! ਉਹ ਮਤਿ ਗ੍ਰਹਿਣ ਕਰ, ਜਿਸ ਦੀ ਰਾਹੀਂ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕੇ, (ਪਰ ਉਹੀ ਮਨੁੱਖ ਅਜਿਹੀ ਮਤਿ ਗ੍ਰਹਿਣ ਕਰਦਾ ਹੈ) ਜਿਸ ਨੂੰ ਪ੍ਰਭੂ ਕਿਰਪਾ ਕਰ ਕੇ ਆਪ ਹੀ ਦੇਂਦਾ ਹੈ। ਪਰਮਾਤਮਾ ਦਾ ਨਾਮ ਸੁਖ

ਆਤਮਕ ਅਡੋਲਤਾ ਤੇ ਆਨੰਦ (ਦਾ ਸੋਮਾ ਹੈ)। ਹੇ ਨਾਨਕ! (ਜਿਸ ਨੇ) ਇਹ ਨਾਮ (ਜਪਿਆ ਹੈ) ਗੁਰੂ ਨੂੰ ਮਿਲ ਕੇ ਹੀ ਜਪਿਆ ਹੈ।4। 27। 38।